**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

---

ਸੇਵਾ ਵਿਖੇ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
2. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.)
3. ਰਾਜ ਦੇ ਸਮੂਹ ਸਕੂਲ ਮੁੱਖੀ (ਵੈੱਬ ਸਾਈਟ ਰਾਹੀਂ)

ਮੀਮੋ ਨੰ ਆਰ.ਐਮ.ਐਸ.ਏ./ਡੀ.ਐਸ.ਪੀ.ਡੀ/ਸ-1

ਮਿਤੀ ਚੰਡੀਗੜ੍ਹ 03 ਸਤੰਬਰ, 2010

**ਵਿਸ਼ਾ** **ਬੋਰਡ ਦੀਆਂ ਪ੍ਰੀਖਿਆਵਾਂ ਵਿਚ ਨਕਲ ਰੋਕਣ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਮਿਤੀ 06 ਸਤੰਬਰ ਤੋਂ ਬੋਰਡ ਦੀਆਂ ਸਮੈਸਟਰ ਪ੍ਰੀਖਿਆਵਾਂ 10ਵੀਂ ਅਤੇ 12ਵੀਂ ਜਮਾਤ ਲਈ ਸ਼ੁਰੂ ਹੋਣ ਜਾ ਰਹੀਆਂ ਹਨ।

3.0 ਹਰ ਸਾਲ ਪ੍ਰੀਖਿਆ ਕੇਂਦਰਾਂ ਵਿਚ ਨਕਲ ਨਾਲ ਸਬੰਧਤ ਕਈ ਕੇਸ ਸਾਹਮਣੇ ਆਉਂਦੇ ਹਨ।

4.0 ਇੱਥੇ ਸਮੂਹ ਜਿਲ੍ਹਾ ਸਿੱਖਿਆ ਅਫਸਰਾਂ (ਸੈ.ਸਿ.), (ਐ.ਸਿ.) ਅਤੇ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪ੍ਰੀਖਿਆਵਾਂ ਵਿਚ ਨਕਲ ਨੂੰ ਰੋਕਣ ਲਈ ਉਚਿੱਤ ਉਪਰਾਲੇ ਕੀਤੇ ਜਾਣ ਅਤੇ ਨਕਲ ਕਰਨ ਜਾਂ ਕਰਵਾਉਣ ਵਾਲੇ ਨੂੰ ਕਿਸੇ ਵੀ ਸੂਰਤ ਵਿਚ ਬਖਸ਼ਿਆ ਨਾ ਜਾਵੇ।

5.0 ਇੱਥੇ ਆਪ ਜੀ ਨੂੰ ਇਹ ਵੀ ਦੱਸਿਆ ਜਾਂਦਾ ਹੈ ਕਿ ਕਿਸੇ ਵੀ ਅਜਿਹੇ ਅਧਿਆਪਕ, ਜੋ ਕਿ ਪਹਿਲਾਂ ਨਕਲ ਆਦਿ ਦੇ ਕੇਸ ਵਿਚ ਦੋਸ਼ੀ ਪਾਏ ਗਏ ਹਨ, ਦੀ ਪ੍ਰੀਖਿਆ ਵਿਚ ਡਿਊਟੀ ਨਾ ਲਾਈ ਜਾਵੇ।

6.0 ਜੇਕਰ ਕਿਸੇ ਵੀ ਪ੍ਰੀਖਿਆ ਕੇਂਦਰ ਵਿਚ ਨਕਲ ਕਰਨ ਜਾਂ ਕਰਵਾਉਣ ਦੀ ਸ਼ਿਕਾਇਤ ਮਿਲਦੀ ਹੈ ਤਾਂ ਇਸ ਦੀ ਸਿੱਧੀ ਜਿੰਮੇਵਾਰੀ ਸਬੰਧਤ ਜਿਲ੍ਹਾ ਸਿੱਖਿਆ ਅਫਸਰਾਂ (ਸੈ.ਸਿ.) ਦੀ ਹੋਵੇਗੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ**